# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 13-04-2025**

- ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਮੋਦੀ ਸਰਕਾਰ ਵੱਲੋਂ ਸਹਿਕਾਰਤਾ ਮੰਤਰਾਲਾ ਬਣਾਉਣ ਤੋਂ ਬਾਅਦ ਭਾਰਤ ਦੇ ਸਹਿਕਾਰੀ ਖੇਤਰ ਵਿੱਚ ਆਏ ਪਰਿਵਰਤਨਸ਼ੀਲ ਬਦਲਾਅ ਦੀ ਸ਼ਲਾਘਾ ਕੀਤੀ ਏ।
- ਫਿਰੋਜ਼ਪੁਰ ਵਿਖੇ ਸੂਬਾ ਪੁਲਿਸ ਦੇ ਕਾਊਂਟਰ ਇੰਟੈਲੀਜੈਂਸ ਵਿੰਗ ਨੇ ਦੋ ਵਿਅਕਤੀਆਂ ਨੂੰ RDX ਵਾਲੇ ਇੱਕ ਫੋਟਕ ਯੰਤਰ ਸਮੇਤ ਗ੍ਰਿਫ਼ਤਾਰ ਕੀਤਾ ਏ।
- ਪੰਜਾਬ ਵਿੱਚ ਵਿਸਾਖੀ ਦਾ ਤਿਉਹਾਰ ਬੇਹਦ ਉਤਸ਼ਾਹ ਅਤੇ ਧਾਰਮਿਕ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ ।

- ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਬਿਜਲੀ ਦੀ ਸਪਾਰਕਿੰਗ ਤੋਂ ਕਣਕ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਹੋਣ ਤੋਂ ਰੋਕਣ ਲਈ ਕਿਸਾਨਾਂ ਨੂੰ ਚੌਕਸ ਰਹਿਣ ਦੀ ਅਪੀਲ ਕੀਤੀ ਏ।

-------------------------------------------------------

ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਮੋਦੀ ਸਰਕਾਰ ਵੱਲੋਂ ਸਹਿਕਾਰਤਾ ਮੰਤਰਾਲਾ ਬਣਾਉਣ ਤੋਂ ਬਾਅਦ ਭਾਰਤ ਦੇ ਸਹਿਕਾਰੀ ਖੇਤਰ ਵਿੱਚ ਆਏ ਪਰਿਵਰਤਨਸ਼ੀਲ ਬਦਲਾਅ ਦੀ ਸ਼ਲਾਘਾ ਕੀਤੀ ਏ. ਭੋਪਾਲ ਵਿੱਚ ਇੱਕ ਰਾਜ-ਪੱਧਰੀ ਸਹਿਕਾਰੀ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਸ਼੍ਰੀ ਸ਼ਾਹ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਕਿਵੇਂ ਸਰਕਾਰ ਨੇ ਭਾਰਤ ਦੇ ਇਤਿਹਾਸ ਵਿੱਚ ਪਹਿਲੀ ਵਾਰ ਇੱਕ ਏਕੀਕ੍ਰਿਤ ਪਹੁੰਚ ਤਹਿਤ ਪੇਂਡੂ ਵਿਕਾਸ, ਖੇਤੀਬਾੜੀ ਅਤੇ ਪਸ਼ੂ ਪਾਲਣ ਨੂੰ ਜੋੜਿਆ ਏ। ਉਨ੍ਹਾਂ ਨੇ ਸਹਿਕਾਰੀ ਨੇਮਾਂ ਨੂੰ ਮਿਆਰੀ ਬਣਾਉਣ ਵਿੱਚ ਕੇਂਦਰ ਸਰਕਾਰ ਦੀ ਭੂਮਿਕਾ 'ਤੇ ਚਾਨਣਾ ਪਾਇਆ, ਜਿਸ ਵਿਚ ਸਾਰੇ ਰਾਜਾਂ ਨੇ ਮਾਡਲ ਉਪ-ਨੇਮਾਂ ਨੂੰ ਅਪਣਾਇਆ-

**BYTE -**

ਸ਼੍ਰੀ ਸ਼ਾਹ ਨੇ PACS ਦੀ ਵਧਦੀ ਭੂਮਿਕਾ ਦਾ ਜ਼ਿਕਰ ਕਰਦਿਆਂ ਦਸਿਆ ਕਿ ਇਹ ਹੁਣ 20 ਤੋਂ ਵੱਧ ਰਾਜਾਂ ਵਿੱਚ ਕੰਮ ਕਰ ਰਹੀਆਂ ਨੇ, ਖੇਤੀਬਾੜੀ ਮਾਲੀਏ ਤੋਂ ਪਰੇ ਸੇਵਾਵਾਂ ਪ੍ਰਦਾਨ ਕਰਦੀਆਂ ਨੇ, ਜਿਹਨਾਂ ਵਿੱਚ ਦਵਾਈਆਂ ਵੇਚਣਾ ਅਤੇ ਪਾਣੀ ਵੰਡਣਾ ਸ਼ਾਮਲ ਏ। ਉਨ੍ਹਾਂ ਕਿਹਾ ਕਿ, ਬੀਜ, ਜੈਵਿਕ ਅਤੇ ਬਰਾਮਦ ਸਹਿਕਾਰੀ ਸਭਾਵਾਂ ਰਾਹੀਂ, ਕਿਸਾਨਾਂ ਨੂੰ ਉਚਿਤ ਕੀਮਤਾਂ ਅਤੇ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਸਿੱਧੇ ਭੁਗਤਾਨ ਮਿਲ ਰਹੇ ਨੇ। ਇੱਕ ਹੋਰ ਅਹਿਮ ਸੁਧਾਰ ਵਿੱਚ, ਸ਼੍ਰੀ ਸ਼ਾਹ ਨੇ ਸਾਂਝਾ ਕੀਤਾ ਕਿ ਛੋਟੇ ਕਿਸਾਨ - ਜਿਨ੍ਹਾਂ ਕੋਲ 2.5 ਏਕੜ ਤੋਂ ਘੱਟ ਜ਼ਮੀਨ ਏ - ਹੁਣ ਬੀਜ ਪੈਦਾ ਕਰਨ ਦੇ ਯੋਗ ਹੋਣਗੇ, ਜਿਹਨਾਂ ਨੂੰ ਨਵੀਂ ਸ਼ੁਰੂ ਕੀਤੀ ਗਈ ਬੀਜ ਸਹਿਕਾਰਿਤਾ ਰਾਹੀਂ ਹਮਾਇਤ ਦਿੱਤੀ ਜਾਏਗੀ ਤਾਂ ਜੋ ਉਨ੍ਹਾਂ ਦੇ ਉਤਪਾਦਾਂ ਲਈ ਉਚਿਤ ਕੀਮਤਾਂ ਯਕੀਨੀ ਬਣਾਈਆਂ ਜਾ ਸਕਣ।

---------------------------------------------------------------

ਪੰਜਾਬ ਵਿੱਚ, ਫਿਰੋਜ਼ਪੁਰ ਵਿਖੇ ਸੂਬਾ ਪੁਲਿਸ ਦੇ ਕਾਊਂਟਰ ਇੰਟੈਲੀਜੈਂਸ ਵਿੰਗ ਨੇ ਦੋ ਵਿਅਕਤੀਆਂ ਨੂੰ 1.6 ਕਿਲੋਗ੍ਰਾਮ RDX ਵਾਲੇ ਇੱਕ ਫੋਟਕ ਯੰਤਰ (IED) ਜਿਸ ਨਾਲ ਰਿਮੋਟ ਕੰਟ੍ਰੋਲ ਵੀ ਸੀ ਸਮੇਤ ਗ੍ਰਿਫ਼ਤਾਰ

ਕੀਤਾ ਏ। ਸਾਡੇ ਜਲੰਧਰ ਵਾਲੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ RDX ਵਿਸਫੋਟਕ ਦੀ ਬਰਾਮਦਗੀ ਨੂੰ ਸੂਬੇ ਲਈ ਚਿੰਤਾ ਦਾ ਵਿਸ਼ਾ ਦੱਸਿਆ ਜਾ ਰਿਹਾ ਏ, ਕਿਉਂਕਿ ਪਿਛਲੇ ਸੱਤ ਮਹੀਨਿਆਂ ਦੌਰਾਨ ਪੰਜਾਬ ਵਿੱਚ 16 ਗ੍ਰਨੇਡ ਹਮਲੇ ਹੋਏ ਨੇ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਪੁਲਿਸ ਥਾਣਿਆਂ 'ਤੇ ਹੋਏ ਤੇ ਇਹਨਾਂ ਦੇ ਮੱਦੇਨਜ਼ਰ ਪੁਲਿਸ ਚੌਕਸ ਏ. ਹਾਲਾਂਕਿ, ਇਨ੍ਹਾਂ ਹਮਲਿਆਂ ਵਿੱਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਏ। ਇਸ ਦੌਰਾਨ, ਪੰਜਾਬ ਪੁਲਿਸ ਮੁਖੀ, ਗੌਰਵ ਯਾਦਵ ਨੇ ਖੁਲਾਸਾ ਕੀਤਾ ਏ ਕਿ ਇਸ ਵੱਡੀ ਸਫਲਤਾ ਵਿੱਚ, ਗ੍ਰਿਫ਼ਤਾਰ ਕੀਤੇ ਗਏ ਦੋ ਵਿਅਕਤੀ ਜੱਗਾ ਸਿੰਘ ਅਤੇ ਮਨਜਿੰਦਰ ਸਿੰਘ ਨੇ. ਉਹ ਜਰਮਨੀ ਸਥਿਤ ਗੋਲਡੀ ਢਿੱਲੋਂ ਵੱਲੋਂ ਚਲਾਏ ਜਾ ਰਹੇ ਇੱਕ ਦਹਿਸ਼ਤਗਰਦੀ ਮਾਡਿਊਲ ਦੇ ਮੁੱਖ ਸੰਚਾਲਕ ਨੇ ਜਿਨ੍ਹਾਂ 'ਤੇ NIA ਨੇ 10 ਲੱਖ ਰੁਪਏ ਦਾ ਇਨਾਮ ਐਲਾਨਿਆ ਏ। ਸ਼੍ਰੀ ਯਾਦਵ ਨੇ ਕਿਹਾ ਕਿ ਇਸ ਗ੍ਰਿਫ਼ਤਾਰੀ ਨੇ, ਇਲਾਕੇ ਵਿੱਚ ਸ਼ਾਂਤੀ ਅਤੇ ਸਦਭਾਵਨਾ ਨੂੰ ਭੰਗ ਕਰਨ ਦੇ, ਪਾਕਿਸਤਾਨ ਦੀ ISI ਦੇ ਮਨਸੂਬਿਆਂ ਨੂੰ ਨਾਕਾਮ ਕਰ ਦਿੱਤਾ ਏ ਕਿਉਂਕਿ ਇਹ ਫੋਟਕ ਯੰਤਰ,

ਇੱਕ ਨਿਸ਼ਾਨਾ ਬਣਾ ਕੇ ਕੀਤੇ ਜਾਣ ਵਾਲੇ ਦਹਿਸ਼ਤਗਰਦ ਹਮਲੇ ਲਈ ਬਣਾਇਆ ਗਿਆ ਸੀ।

-----------------------------------------------------------

ਪੰਜਾਬ ਵਿੱਚ ਫ਼ਸਲ ਦੀ ਵਾਢੀ ਦਾ ਤਿਉਹਾਰ ਵਿਸਾਖੀ ਬੇਹਦ ਉਤਸ਼ਾਹ ਅਤੇ ਧਾਰਮਿਕ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ। ਰਾਸ਼ਟਰਪਤੀ, ਪ੍ਰਧਾਨ ਮੰਤਰੀ ਤੇ ਹੋਰਨਾਂ ਨੇ ਇਸ ਮੌਕੇ ਵਧਾਈ ਦਿੱਤੀ ਏ.ਇਸ ਮੌਕੇ ਦਾ ਨਾ ਸਿਰਫ਼ ਸੱਭਿਆਚਾਰਕ, ਸਗੋਂ ਧਾਰਮਿਕ ਮਹੱਤਵ ਵੀ ਏ। ਜਿਵੇਂ ਕਿ 1699 ਵਿੱਚ ਇਸੇ ਦਿਨ ਦਸਵੇਂ ਗੁਰੂ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਖਾਲਸਾ ਪੰਥ ਦੀ ਸਾਜਨਾ ਕੀਤੀ ਸੀ। ਜਿਵੇਂ ਕਿ ਰਾਸ਼ਟਰ ਇਸ ਤਿਉਹਾਰ ਨੂੰ ਮਨਾ ਰਿਹਾ ਏ, ਉਸੇ ਸਮੇਂ, ਇਹ 1919 ਵਿੱਚ ਅੰਮ੍ਰਿਤਸਰ ਵਿੱਚ ਜਲ੍ਹਿਆਂਵਾਲਾ ਬਾਗ ਦੇ ਕਤਲੇਆਮ ਵਿੱਚ ਮਾਰੇ ਗਏ ਲੋਕਾਂ ਨੂੰ ਵੀ ਯਾਦ ਕਰ ਰਿਹਾ ਏ।

ਇੱਕ ਰਿਪੋਰਟ –

-----------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਦੁਨੀਆ ਭਰ ਦੇ

ਪੰਜਾਬੀਆਂ ਨੂੰ 'ਖਾਲਸਾ ਪੰਥ ਦੇ ਸਾਜਨਾ ਦਿਵਸ' ਅਤੇ 'ਵਿਸਾਖੀ' ਦੇ ਪਵਿੱਤਰ ਮੌਕੇ 'ਤੇ ਵਧਾਈ ਦਿੱਤੀ ਏ। ਮੁੱਖ ਮੰਤਰੀ ਨੇ ਗੁਰਦੁਆਰਾ ਸ਼੍ਰੀ ਦੂਖ ਨਿਵਾਰਨ ਸਾਹਿਬ ਵਿਖੇ ਮੱਥਾ ਟੇਕਿਆ ਅਤੇ ਸੂਬੇ ਦੇ ਲੋਕਾਂ ਦੀ ਪੂਰੀ ਨਿਮਰਤਾ ਅਤੇ ਸਮਰਪਣ ਭਾਵਨਾ ਨਾਲ ਸੇਵਾ ਕਰਨ ਲਈ, ਅਰਦਾਸ ਕੀਤੀ। ਉਨ੍ਹਾਂ ਨੇ ਇੱਕ ਸੁਹਿਰਦ ਸਮਾਜ ਦੀ ਸਿਰਜਣਾ ਲਈ ਜਾਤ, ਰੰਗ, ਨਸਲ ਅਤੇ ਧਰਮ ਦੀ ਪਰਵਾਹ ਕੀਤੇ ਬਿਨਾਂ, ਸੂਬੇ ਦੇ ਲੋਕਾਂ ਦੀ ਸੇਵਾ ਕਰਨ ਦੀ ਆਪਣੀ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਵੀ ਦੁਹਰਾਇਆ। ਵਿਸਾਖੀ ਦੇ ਪਵਿੱਤਰ ਤਿਉਹਾਰ 'ਤੇ, ਮੁੱਖ ਮੰਤਰੀ ਨੇ ਸੂਬੇ ਦੀ ਸ਼ਾਂਤੀ, ਤਰੱਕੀ ਅਤੇ ਖੁਸ਼ਹਾਲੀ ਦੀ ਵੀ ਕਾਮਨਾ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ ਇਹ ਤਿਉਹਾਰ ਸੂਬੇ ਅਤੇ ਇਸਦੇ ਕਿਸਾਨਾਂ ਲਈ ਅਹਿਮ ਏ ਕਿਉਂਕਿ ਇਹ ਵਾਢੀ ਦੇ ਮੌਸਮ ਦੀ ਸ਼ੁਰੂਆਤ ਅਤੇ ਹਾੜੀ ਦੀਆਂ ਫਸਲਾਂ ਦੇ ਪੱਕਣ ਨੂੰ ਵੀ ਦਰਸਾਉਂਦਾ ਏ। ਭਗਵੰਤ ਸਿੰਘ ਮਾਨ ਨੇ ਲੋਕਾਂ ਨੂੰ ਇਸ ਇਤਿਹਾਸਕ ਤਿਉਹਾਰ ਨੂੰ ਰਵਾਇਤੀ ਜੋਸ਼ ਅਤੇ ਉਤਸ਼ਾਹ ਨਾਲ ਇਕੱਠੇ ਮਨਾਉਣ ਦਾ ਸੱਦਾ ਦਿੱਤਾ ਤਾਂ ਜੋ ਸਾਡੇ ਦੇਸ਼ ਦੇ ਧਰਮ ਨਿਰਪੱਖ ਅਤੇ ਸਮਾਜਿਕ ਤਾਣੇ-ਬਾਣੇ ਨੂੰ ਮਜ਼ਬੂਤ ਕੀਤਾ ਜਾ ਸਕੇ।

--------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਜਲ੍ਹਿਆਂਵਾਲਾ ਬਾਗ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਮੁਰਮੂ ਨੇ 1919 ਵਿੱਚ, ਇਸ ਦਿਨ ਆਜ਼ਾਦੀ ਘੁਲਾਟੀਆਂ ਵੱਲੋਂ ਦਿੱਤੀ ਗਈ ਕੁਰਬਾਨੀ ਨੂੰ ਯਾਦ ਕਰਦਿਆਂ ਕਿਹਾ ਕਿ, ਉਨ੍ਹਾਂ ਦੀ ਕੁਰਬਾਨੀ ਨੇ ਦੇਸ਼ ਦੀ ਆਜ਼ਾਦੀ ਦੀ ਜੰਗ ਦੇ ਪ੍ਰਵਾਹ ਨੂੰ ਮਜ਼ਬੂਤ ਕੀਤਾ। ਰਾਸ਼ਟਰਪਤੀ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ, ਉਨ੍ਹਾਂ ਅਮਰ ਸ਼ਹੀਦਾਂ ਤੋਂ ਪ੍ਰੇਰਿਤ ਹੋ ਕੇ, ਸਾਰੇ ਦੇਸ਼ ਵਾਸੀ ਆਪਣੇ ਪੂਰੇ ਤਨ, ਮਨ ਅਤੇ ਧਨ ਨਾਲ ਭਾਰਤ ਦੀ ਤਰੱਕੀ ਵਿੱਚ ਯੋਗਦਾਨ ਪਾਉਂਦੇ ਰਹਿਣਗੇ। ਇਸ ਦੌਰਾਨ, ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਕਿ ਜ਼ੁਲਮ ਦਾ ਸਾਹਮਣਾ ਕਰਦੇ ਹੋਏ ਬਹਾਦਰ ਆਤਮਾਵਾਂ ਦੀ ਬੇਮਿਸਾਲ ਕੁਰਬਾਨੀ ਸਾਡੇ ਆਜ਼ਾਦੀ ਦੇ ਇਤਿਹਾਸ ਵਿੱਚ ਉੱਕਰੀ ਹੋਈ ਏ। ਉਨ੍ਹਾਂ ਕਿਹਾ ਕਿ ਭਾਰਤ, ਹਮੇਸ਼ਾ ਉਨ੍ਹਾਂ ਦੇ ਸਾਹਸ ਦਾ ਕਰਜ਼ਦਾਰ ਰਹੇਗਾ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਆਉਣ ਵਾਲੀਆਂ

ਪੀੜ੍ਹੀਆਂ, ਸ਼ਹੀਦਾਂ ਦੀਆਂ ਅਦੁੱਤੀ ਭਾਵਨਾਵਾਂ ਨੂੰ ਹਮੇਸ਼ਾ ਯਾਦ ਰੱਖਣਗੀਆਂ। ਉਨ੍ਹਾਂ ਇਸ ਘਟਨਾ ਨੂੰ ਸਾਡੇ ਦੇਸ਼ ਦੇ ਇਤਿਹਾਸ ਵਿੱਚ ਇੱਕ ਕਾਲਾ ਅਧਿਆਇ ਦੱਸਿਆ। ਸ੍ਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਦੀ ਕੁਰਬਾਨੀ ਭਾਰਤ ਦੇ ਆਜ਼ਾਦੀ ਦੀ ਜੰਗ ਵਿੱਚ ਇੱਕ ਵੱਡਾ ਮੋੜ ਬਣ ਗਈ ਏ।

------------------------------------------------------

13 ਅਪ੍ਰੈਲ 1919 ਨੂੰ ਜ਼ਲਿਆਂ ਵਾਲੇ ਬਾਗ ਵਿਚ ਅੰਗਰੇਜ਼ਾਂ ਹੱਥੋਂ ਸ਼ਹੀਦ ਹੋਏ ਲੋਕਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਨ ਹਿਤ ਅੰਮ੍ਰਿਤਸਰ ‘ਚ ਜ਼ਿਲਾ ਪੱਧਰੀ ਸ਼ਰਧਾਂਜਲੀ ਸਮਾਗਮ ਕਰਾਇਆ ਗਿਆ। ਸ਼ਰਧਾਂਜਲੀ ਸਮਾਗਮ ਮੌਕੇ ਭਾਜਪਾ ਆਗੂ ਸ਼ਵੇਤ ਮਲਿਕ, ਐਮ ਪੀ ਗੁਰਜੀਤ ਔਜਲਾ, ਸਾਬਕਾ ਸਿਹਤ ਮੰਤਰੀ ਲਕਸ਼ਮੀ ਕਾਂਤਾ ਚਾਵਲਾ, ਡਾਕਟਰ ਰਾਜ ਕੁਮਾਰ ਵੇਰਕਾ ਸਮੇਤ ਅਨੇਕਾਂ ਰਾਜਨੀਤਿਕ ਆਗੂਆਂ ਤੇ ਸ਼ਹੀਦਾਂ ਦੇ ਪਰਿਵਾਰਾਂ ਦੇ ਨਾਲ ਨਾਲ ਅਨੇਕਾਂ ਦੇਸ਼ ਪ੍ਰੇਮੀਆਂ ਨੇ ਦੇਸ਼ ਦੇ ਮਹਾਨ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ. ਜਲਿਆਂਵਾਲਾ ਬਾਗ ਵਿਖੇ ਹਰ ਸਾਲ ਵਾਂਗ, ਸ਼ਰਧਾਂਜਲੀ ਸਮਾਗਮ ਦੌਰਾਨ ਠੀਕ 3 ਵੱਜ ਕੇ 59 ਮਿੰਟ ਤੇ ਹੂਟਰ ਵਜਾਇਆ ਗਿਆ ਤੇ 2 ਮਿੰਟ ਦਾ ਮੋਨ ਧਾਰ ਕੇ ਸ਼ਹੀਦਾਂ ਨੂੰ ਯਾਦ ਕੀਤਾ

ਗਿਆ. ਇਸ ਮੌਕੇ ਪੰਜਾਬ ਪੁਲਿਸ ਦੀ ਟੁਕੜੀ ਵਲੋਂ ਸ਼ਹੀਦਾਂ ਨੂੰ ਸਲਾਮੀ ਦਿਤੀ ਗਈ ਅਤੇ ਪੰਜਾਬ ਪੁਲਿਸ ਦੇ ਬੈਂਡ ਵਲੋਂ ਦੇਸ਼ ਭਗਤੀ ਦੀਆਂ ਧੁਨਾਂ ਵਜਾਈਆਂ ਗਈਆਂ। ਸਮਾਗਮ ਮੌਕੇ ਵੱਖ ਵੱਖ ਸਿਆਸੀ ਪਾਰਟੀਆਂ ਦੇ ਨੇਤਾ, ਸੂਬਾ ਤੇ ਕੇਂਦਰ ਸਰਕਾਰਾਂ ਦੇ ਨੁਮਾਇੰਦੇ , ਸਮਾਜ ਸੇਵੀ ਸੰਸਥਾਵਾਂ, ਵਿਦਿਆਰਥੀ ਤੇ ਕਿਸਾਨ ਜਥੇਬੰਦੀਆਂ ਤੋਂ ਇਲਾਵਾ ਅਨੇਕਾਂ ਆਜ਼ਾਦੀ ਘੁਲਾਟੀਆਂ ਤੇ ਸ਼ਹੀਦਾਂ ਦੇ ਪਰਿਵਾਰਿਕ ਮੈਂਬਰ ਹਾਜ਼ਿਰ ਸਨ।

-----------------------------------------------------------

ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਜਾਣਕਾਰੀ ਦਿੱਤੀ ਏ ਕਿ ਆਉਂਦੇ ਕਣਕ ਦੇ ਸੀਜਨ ਦੌਰਾਨ ਬਿਜਲੀ ਦੀ ਸਪਾਰਕਿੰਗ ਤੋਂ ਕਣਕ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਹੋਣ ਤੋਂ ਰੋਕਣ ਲਈ PSPCL ਨੇ ਕੰਟਰੋਲ ਰੂਮ ਕਾਇਮ ਕੀਤਾ ਏ ਅਤੇ ਕੋਈ ਵੀ ਵਿਅਕਤੀ ਆਪਣੇ ਖੇਤਾਂ ਦੇ ਨੇੜੇ ਢਿੱਲੀਆਂ ਜਾਂ ਲਮਕ ਰਹੀਆਂ ਤਾਰਾਂ, ਸਪਰਿੰਗ ਜਾਂ ਅਜਿਹੀ ਹੀ ਕੋਈ ਸਥਿਤੀ, ਜਿਸ ਨਾਲ ਅੱਗ ਲੱਗਣ ਦਾ ਖ਼ਦਸ਼ਾ ਹੋਵੇ, ਬਾਰੇ ਇਹਨਾਂ ਨੰਬਰਾਂ ਉੱਤੇ ਸੂਚਿਤ ਕਰ ਸਕਦਾ ਏ। ਨੰਬਰ ਨੇ 9646106835, ਅਤੇ 9646106836 ਇਹਨਾਂ ਵਟਸਐਪ ਨੰਬਰ ਉੱਤੇ ਤਾਰਾਂ ਦੀ

ਤਸਵੀਰਾਂ ਵੀ ਅਪਲੋਡ ਕੀਤੀਆਂ ਜਾ ਸਕਦੀਆਂ ਨੇ. ਇਸ ਤੋਂ ਇਲਾਵਾ ਫੋਨ ਨੰਬਰ 1912 ਉੱਤੇ ਵੀ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਏ । ਕੈਬਨਿਟ ਮੰਤਰੀ ਨੇ ਪ੍ਰੈਸ ਕਾਨਫਰੰਸ ਵਿੱਚ ਕਿਸਾਨਾਂ ਨੂੰ ਕਿਹਾ ਕਿ ਨਿੱਕੀ ਜਿਹੀ ਗਲਤੀ ਨਾਲ ਕੋਈ ਨੁਕਸਾਨ ਨਾ ਹੋਵੇ, ਇਸ ਲਈ ਲਈ ਜ਼ਰੂਰੀ ਏ ਕਿ ਆਪਣੇ ਖੇਤਾਂ ਵਿੱਚ ਲੱਗੇ ਟਰਾਂਸਫਾਰਮ ਦੇ ਨੇੜਿਓਂ, ਕਣਕ ਦੀ ਕਟਾਈ ਕਰਕੇ ਉਸ ਸਥਾਨ ਨੂੰ ਜਾਂ ਤਾਂ ਗਿੱਲਾ ਰੱਖਿਆ ਜਾਵੇ ਜਾਂ ਵਾਹ ਦਿੱਤਾ ਜਾਵੇ ,ਤਾਂ ਜੋ ਟ੍ਰਾਂਸਫਰ ਤੋਂ ਹੋਣ ਵਾਲੀ ਸਪਾਰਕਿੰਗ ਦਾ ਕਣਕ ਨੂੰ ਨੁਕਸਾਨ ਨਾ ਹੋਵੇ ਉਹਨਾਂ ਕਿਸਾਨਾਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਬਿਜਲੀ ਲਾਈਨਾਂ ਦੀ ਸਪਲਾਈ ਕੱਟ ਕੇ ਆਪ ਬਿਜਲੀ ਦੀ ਮੁਰੰਮਤ ਨਾ ਕਰਨ ਅਤੇ ਨਾ ਹੀ ਟਰੈਕਟਰਾਂ ਜਾਂ ਕੰਬਾਈਨਾਂ ਉੱਪਰ ਬੈਠ ਕੇ ਤਾਰਾਂ ਨੂੰ ਡੰਡਿਆਂ ਜਾਂ ਹੋਰ ਸਾਧਨਾਂ ਰਾਹੀਂ ਉੱਪਰ ਚੁੱਕਣ ਦੀ ਕੋਸ਼ਿਸ਼ ਕਰਨ, ਕਿਉਂਕਿ ਇਸ ਨਾਲ ਵੱਡਾ ਨੁਕਸਾਨ ਹੋਣ ਦਾ ਖ਼ਤਰਾ ਬਣਿਆ ਰਹਿੰਦਾ ਏ ।

-------------------------------------------------

- ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਮੋਦੀ ਸਰਕਾਰ ਵੱਲੋਂ ਸਹਿਕਾਰਤਾ ਮੰਤਰਾਲਾ ਬਣਾਉਣ ਤੋਂ ਬਾਅਦ ਭਾਰਤ ਦੇ ਸਹਿਕਾਰੀ ਖੇਤਰ ਵਿੱਚ ਆਏ ਪਰਿਵਰਤਨਸ਼ੀਲ ਬਦਲਾਅ ਦੀ ਸ਼ਲਾਘਾ ਕੀਤੀ ਏ।
- ਫਿਰੋਜ਼ਪੁਰ ਵਿਖੇ ਸੂਬਾ ਪੁਲਿਸ ਦੇ ਕਾਊਂਟਰ ਇੰਟੈਲੀਜੈਂਸ ਵਿੰਗ ਨੇ ਦੋ ਵਿਅਕਤੀਆਂ ਨੂੰ RDX ਵਾਲੇ ਇੱਕ ਫੋਟਕ ਯੰਤਰ ਸਮੇਤ ਗ੍ਰਿਫ਼ਤਾਰ ਕੀਤਾ ਏ।
- ਪੰਜਾਬ ਵਿੱਚ ਵਿਸਾਖੀ ਦਾ ਤਿਉਹਾਰ ਬੇਹਦ ਉਤਸ਼ਾਹ ਅਤੇ ਧਾਰਮਿਕ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ ।
- ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਬਿਜਲੀ ਦੀ ਸਪਾਰਕਿੰਗ ਤੋਂ ਕਣਕ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਹੋਣ ਤੋਂ ਰੋਕਣ ਲਈ ਕਿਸਾਨਾਂ ਨੂੰ ਚੌਕਸ ਰਹਿਣ ਦੀ ਅਪੀਲ ਕੀਤੀ ਏ ।